# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :20-01-2026**

ਭਾਰਤੀ ਜਨਤਾ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਨਿਤਿਨ ਨਬੀਨ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਬਣ ਗਏ ਨੇ। ਉਨ੍ਹਾਂ ਦੇ ਨਾਂ ਦਾ ਰਸਮੀ ਐਲਾਨ ਪਾਰਟੀ ਦੇ ਰਾਸ਼ਟਰੀ ਰਿਟਰਨਿੰਗ ਅਧਿਕਾਰੀ ਡਾ. ਕੇ. ਲਕਸ਼ਮਣ ਨੇ ਨਵੀਂ ਦਿੱਲੀ ਸਥਿਤ ਭਾਜਪਾ ਮੁੱਖ ਦਫ਼ਤਰ ਵਿਖੇ ਕੀਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਜੇ.ਪੀ. ਨੱਡਾ ਤੇ ਨਿਤਿਨ ਗਡਕਰੀ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਏ। ਉਹ ਜਲਦੀ ਹੀ ਪ੍ਰਧਾਨ ਵਜੋਂ ਸਹੁੰ ਚੁੱਕਣਗੇ। ਕੇਂਦਰੀ ਮੰਤਰੀ ਜੇ.ਪੀ. ਨੱਡਾ ਨੇ ਕਿਹਾ ਕਿ ਉਨ੍ਹਾਂ ਦੀ ਨੌਜਵਾਨ ਅਗਵਾਈ ਹੇਠ ਪਾਰਟੀ ਨਵੀਆਂ ਉਚਾਈਆਂ 'ਤੇ ਪਹੁੰਚੇਗੀ।

---------------------------------------------------------------

ਪੰਜਾਬ ਪੁਲਿਸ ਨੇ ਸੂਬੇ ਵਿੱਚੋਂ ਗੈਂਗਸਟਰ ਨੈੱਟਵਰਕ ਨੂੰ ਖਤਮ ਕਰਨ ਲਈ ਅੱਜ 'ਆਪ੍ਰੇਸ਼ਨ ਪਰਹਾਰ' ਸ਼ੁਰੂ ਕੀਤਾ ਏ ਤਾਂ ਜੋ ਪੰਜਾਬ ਨੂੰ ਗੈਂਗਸਟਰ ਮੁਕਤ ਕੀਤਾ ਜਾ ਸਕੇ। ਇਹ ਦੇਸ਼ ਵਿੱਚ ਆਪਣੀ ਕਿਸਮ ਦਾ ਪਹਿਲਾ ਆਪ੍ਰੇਸ਼ਨ ਦੱਸਿਆ ਜਾ ਰਿਹਾ ਏ ਜਿਸ ਵਿੱਚ ਗੈਂਗਸਟਰਾਂ ਨਾਲ ਜੁੜੇ ਅਪਰਾਧ ਦੇ ਪੂਰੇ ਈਕੋ-ਸਿਸਟਮ ਨੂੰ ਖਤਮ ਕੀਤਾ ਜਾ ਸਕੇ। 12 ਹਜ਼ਾਰ ਪੁਲਿਸ ਅਧਿਕਾਰੀਆਂ ਸਮੇਤ ਦੋ ਹਜ਼ਾਰ ਟੀਮਾਂ ਨੇ ਗੈਂਗਸਟਰਾਂ ਨੂੰ ਫੜਨ ਲਈ ਪੰਜਾਬ ਭਰ ਵਿੱਚ ਛਾਪੇਮਾਰੀ ਸ਼ੁਰੂ ਕਰ ਦਿੱਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਚੰਡੀਗੜ੍ਹ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਇਹ ਖੁਲਾਸਾ ਕਰਦਿਆਂ ਕਿਹਾ ਕਿ ਪੁਲਿਸ ਭਾਰਤ ਅਤੇ ਵਿਦੇਸ਼ਾਂ ਵਿੱਚ ਬੈਠੇ 60 ਵੱਡੇ ਗੈਂਗਸਟਰਾਂ ਅਤੇ ਉਨ੍ਹਾਂ ਦੇ 1200 ਸਾਥੀਆਂ ਅਤੇ 600 ਪਰਿਵਾਰਕ ਮੈਂਬਰਾਂ ਦੀ ਮੈਪਿੰਗ ਕਰ ਰਹੀ ਏ ਜੋ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਹਨ। ਉਨ੍ਹਾਂ

ਸਾਰਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੀ ਵਿੱਤੀ ਮਦਦ ਕਰਨ, ਉਨ੍ਹਾਂ ਨੂੰ ਸਾਮਾਨ ਪਹੁੰਚਾਉਣ, ਪਨਾਹ ਦੇਣ, ਹਥਿਆਰ ਸਪਲਾਈ ਚੇਨ ਅਤੇ ਸੰਚਾਰ ਚੇਨ ਨਾਲ ਜੁੜੇ ਪੂਰੇ ਈਕੋ-ਸਿਸਟਮ ਦਾ ਪਰਦਾਫਾਸ਼ ਕੀਤਾ ਜਾਵੇਗਾ। ਸ਼੍ਰੀ ਯਾਦਵ ਨੇ ਗਲਤ ਰਾਹ ਪਏ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਬਹੁਤ ਦੇਰ ਹੋਣ ਤੋਂ ਪਹਿਲਾਂ ਮੁੱਖ ਧਾਰਾ ਵਿੱਚ ਦੁਬਾਰਾ ਸ਼ਾਮਲ ਹੋਣ। ਇਸ ਮੌਕੇ ਸ਼੍ਰੀ ਯਾਦਵ ਵੱਲੋਂ ਐਂਟੀ ਗੈਂਗਸਟਰ ਹੈਲਪ ਲਾਈਨ ਨੰਬਰ ਦੀ ਵੀ ਸ਼ੁਰੁਆਤ ਕੀਤੀ ਗਈ, ਜਿਸ ਦਾ ਨੰਬਰ 93946-93946 ਏ। ਆਮ ਵਿਅਕਤੀ ਵੀ ਇਸ ਨੰਬਰ ਤੇ ਕਾਲ ਕਰ ਕੇ ਗੈਂਗਸਟਰ ਐਕਟੀਵਿਟੀ ਬਾਰੇ ਦਸ ਸਕਦਾ ਏ, ਉਸ ਦਾ ਨਾਂ ਗੁਪਤ ਰੱਖਿਆ ਜਾਵੇਗਾ।

---

ਪੰਜਾਬ ਨੇ ਲੁਧਿਆਣਾ ਵਿੱਚ ਆਪਣੀ ਪਹਿਲੀ ਡੌਗ ਸੈਂਕਚੂਰੀ

ਇੱਕ ਪਾਇਲਟ ਪ੍ਰੋਜੈਕਟ ਵਜੋਂ ਖੋਲ੍ਹੀ ਏ ਤੇ ਅਜਿਹੀਆਂ ਹੀ ਹੋਰ ਡੌਗ ਸੈਂਕਚੁਰੀਆਂ ਪੂਰੇ ਸੂਬੇ ਵਿੱਚ ਖੋਲ੍ਹੀਆਂ ਜਾਣਗੀਆਂ। ਸੂਬੇ ਦੇ ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਬੀਤੇ ਕੱਲ੍ਹ ਸੈਂਕਚੁਰੀ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਇਸ ਪਹਿਲ ਦਾ ਉਦੇਸ਼ ਸ਼ਹਿਰ ਵਿੱਚ ਕੁੱਤਿਆਂ ਦੇ ਵੱਢਣ ਦੇ ਮਾਮਲਿਆਂ ਨੂੰ ਘਟਾਉਣਾ ਏ ਅਤੇ ਇਹ ਸੁਪਰੀਮ ਕੋਰਟ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੰਮ ਕਰੇਗੀ। ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ

BYTE

---------------------------------------------------

ਅਨਿੰਦਿਤਾ ਮਿੱਤਰਾ ਨੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.) ਵਜੋਂ ਅਹੁਦਾ ਸੰਭਾਲ ਲਿਆ ਏ। ਇਸ ਤੋਂ ਪਹਿਲਾਂ ਉਹ ਪੰਜਾਬ ਸਰਕਾਰ ਵਿੱਚ ਸਕੂਲ ਸਿੱਖਿਆ ਵਿਭਾਗ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਵਿੱਚ

ਪ੍ਰਸ਼ਾਸਕੀ ਸਕੱਤਰ ਵਜੋਂ ਸੇਵਾ ਨਿਭਾਅ ਰਹੇ ਸਨ। ਪੰਜਾਬ ਦੇ ਸੀ.ਈ.ਓ. ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਅਨਿੰਦਿਤਾ ਮਿੱਤਰਾ ਨੇ ਕਿਹਾ ਕਿ ਉਨ੍ਹਾਂ ਲਈ ਇਹ ਬਹੁਤ ਮਾਣ ਵਾਲੀ ਗੱਲ ਏ ਕਿ ਉਨ੍ਹਾਂ ਨੂੰ ਪੰਜਾਬ ਰਾਜ ਵਿੱਚ ਸੰਵਿਧਾਨਕ ਅਤੇ ਜਮਹੂਰੀ ਸੰਸਥਾ ਦੀ ਅਗਵਾਈ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਏ। ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾਂ ਦੌਰਾਨ ਭਾਰਤੀ ਚੋਣ ਕਮਿਸ਼ਨ (ਈ.ਸੀ.ਆਈ.) ਨੇ ਵੋਟਰ ਸੂਚੀਆਂ ਦੀ ਸੁਧਾਈ ਅਤੇ ਸਮਾਵੇਸ਼ ਵਿੱਚ ਲਗਾਤਾਰ ਸੁਧਾਰ ਕਰਨ ਦੇ ਨਾਲ-ਨਾਲ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣਾ ਯਕੀਨੀ ਬਣਾਇਆ ਏ। ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਚੋਣ ਅਧਿਕਾਰੀ ਦਫ਼ਤਰ, ਪੰਜਾਬ ਜਮਹੂਰੀ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਅਤੇ ਵੋਟਰ ਰਜਿਸਟ੍ਰੇਸ਼ਨ ਤੋਂ ਲੈ ਕੇ ਪੋਲਿੰਗ ਵਾਲੇ ਦਿਨ ਤੱਕ ਚੋਣ ਪ੍ਰਕਿਰਿਆ ਤੱਕ ਵੋਟਰ-ਪੱਖੀ ਪਹੁੰਚ ਯਕੀਨੀ ਬਣਾਉਣ ਲਈ ਦ੍ਰਿੜ ਵਚਨਬੱਧਤਾ ਨਾਲ ਕੰਮ ਕਰੇਗਾ। ਉਨ੍ਹਾਂ ਅੱਗੇ ਦੱਸਿਆ ਕਿ ਸੂਬੇ ਭਰ ਵਿੱਚ

ਪਾਰਦਰਸ਼ਤਾ ਵਧਾਉਣ, ਵੋਟਰ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਕੁਸ਼ਲ ਚੋਣ ਪ੍ਰਬੰਧਨ ਅਤੇ ਕਾਰਜਾਂ ਨੂੰ ਯਕੀਨੀ ਬਣਾਉਣ ਵਿੱਚ ਤਕਨਾਲੋਜੀ ਦਾ ਅਹਿਮ ਯੋਗਦਾਨ ਰਹੇਗਾ।

---------------------------------------------------------------

ਕੇਂਦਰੀ ਸੂਚਨਾ ਕਮਿਸ਼ਨਰ ਵਿਨੋਦ ਕੁਮਾਰ ਤਿਵਾੜੀ ਨੇ ਬੀਤੇ ਕੱਲ੍ਹ ਚੰਡੀਗੜ੍ਹ ਸਥਿਤ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਮੁੱਖ ਦਫ਼ਤਰ ਦਾ ਦੌਰਾ ਕੀਤਾ। ਆਪਣੇ ਇਸ ਦੌਰੇ ਦੌਰਾਨ ਉਨ੍ਹਾਂ ਨੇ ਸੂਬੇ ਦੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਤੇ ਹੋਰ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸੂਚਨਾ ਅਧਿਕਾਰ (ਆਰ.ਟੀ.ਆਈ.) ਐਕਟ, 2005 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ’ਤੇ ਵਿਚਾਰ-ਚਰਚਾ ਕੀਤੀ ਗਈ ਜਿਸ ਵਿੱਚ ਸੰਸਥਾਗਤ ਸੁਧਾਰਾਂ, ਪਾਰਦਰਸ਼ਤਾ, ਜਵਾਬਦੇਹੀ ਅਤੇ ਕੁਸ਼ਲ ਜਾਣਕਾਰੀ ਪ੍ਰਦਾਨ ਕਰਨ ਸਬੰਧੀ ਪ੍ਰਣਾਲੀਆਂ ਨੂੰ ਮਜ਼ਬੂਤ

ਕਰਨ ’ਤੇ ਵਿਸ਼ੇਸ਼ ਜ਼ੋਰ  ਦਿੱਤਾ ਗਿਆ। ਸ਼੍ਰੀ ਵੀ.ਕੇ. ਤਿਵਾੜੀ ਨੇ ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੇ ਸੂਚਨਾ ਅਧਿਕਾਰੀ ਐਕਟ ਨੂੰ ਲਾਗੂ ਕਰਨ ਵਿੱਚ ਸ਼ਾਨਦਾਰ ਪ੍ਰਗਤੀ ਕੀਤੀ ਏ।

-----------------------------------------------------------

ਗੁਰਦਾਸਪੁਰ ਵਿਖੇ ਜੰਮੂ-ਪਠਾਨਕੋਟ-ਅੰਮ੍ਰਿਤਸਰ ਨੈਸ਼ਨਲ ਹਾਈਵੇ ਤੇ ਸਥਿਤ ਬੱਬਰੀ ਬਾਈਪਾਸ ਚੋਰਾਹੇ ਤੇ ਹੁੰਦੇ ਹਾਦਸਿਆਂ ਨੂੰ ਰੋਕਣ ਸਬੰਧੀ ਡਿਪਟੀ ਕਮਿਸ਼ਨਰ ਵੱਲੋਂ ਟਰੈਫਿਕ ਪੁਲਿਸ ਤੇ ਨੈਸ਼ਨਲ ਹਾਈਵੇ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਫੈਸਲਾ ਲਿਆ ਗਿਆ ਕਿ ਬਬਰੀ ਬਾਈਪਾਸ ਤੋਂ ਕੁਝ ਦਰੱਖਤਾਂ ਦੀ ਕਟਾਈ ਕੀਤੀ ਜਾਵੇਗੀ, ਸਾਈਨ ਬੋਰਡ ਲਾਏ ਜਾਣਗੇ ਅਤੇ ਹੋਰ ਵੀ ਕਈ ਤਬਦੀਲੀਆਂ ਕੀਤੀਆਂ ਜਾਣਗੀਆਂ। ਟਰੈਫਿਕ ਪੁਲਿਸ ਅਧਿਕਾਰੀ ਸਤਨਾਮ ਸਿੰਘ ਅਤੇ ਨੈਸ਼ਨਲ ਹਾਈਵੇ ਅਥਾਰਿਟੀ ਦੇ ਮੁਲਾਜ਼ਮ ਗੌਰਵ ਪ੍ਰਤਾਪ ਸਿੰਘ ਨੇ ਦੱਸਿਆ

ਕਿ ਇਸ ਦੌਰਾਨ 37ਵੇਂ ਸੜਕ ਸੁਰੱਖਿਆ ਹਫਤੇ ਦੇ ਮੱਦੇਨਜ਼ਰ ਵਾਹਨ ਚਾਲਕਾਂ ਨੂੰ ਸੜਕ ਨਿਯਮਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਏ ਤੇ ਨਾਲ ਹੀ ਬੱਬਰੀ ਬਾਈਪਾਸ ਚੌਂਕ ਵਿਚ ਹਾਦਸੇ ਰੋਕਣ ਲਈ ਤਬਦੀਲੀਆਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ ਨੇ |

---------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਮੌਕੇ ਸਨਮਾਨਿਤ ਕੀਤੇ ਜਾਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਦੀਆਂ ਸਿਫਾਰਿਸ਼ਾਂ ਭੇਜਣ ਦੀ ਮਿਤੀ ਵਿੱਚ ਵਾਧਾ ਕੀਤਾ ਗਿਆ ਏ। ਉਨ੍ਹਾਂ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਆਪਣੇ ਅਧੀਨ ਜਿਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਆਪਣੀਆਂ ਸੇਵਾਵਾਂ ਨਿਭਾਉਂਦਿਆਂ ਵਿਲੱਖਣ ਕਾਰਗੁਜਾਰੀ ਦਿਖਾਈ ਏ, ਉਹਨਾਂ ਸਬੰਧੀ ਸਿਫਾਰਿਸ਼ ਅੱਜ ਯਾਨੀ 20 ਜਨਵਰੀ ਨੂੰ 3 ਵਜੇ

ਤੱਕ  ਭੇਜਣ ਨੂੰ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਜਿਹਨਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਪਿਛਲੇ ਪੰਜ ਸਾਲਾਂ ਵਿੱਚ ਪ੍ਰਸੰਸ਼ਾ ਪੱਤਰ ਪ੍ਰਾਪਤ ਕੀਤੇ ਨੇ, ਉਹਨਾਂ ਦੇ ਨਾਮ ਦੁਬਾਰਾ ਨਾ ਭੇਜੇ ਜਾਣ।  PN

-----------------------------------------------------